ਐਸ.ਐਸ.ਪੀ ਸ਼੍ਰੀ ਮੁਕਤਸਰ ਸਾਹਿਬ ਵੱਲੋਂ ਬੂਟੇ ਲਗਾ ਕੇ ਵਾਤਾਵਰਨ ਨੂੰ ਸੰਭਾਲਣ ਲਈ ਕੀਤੀ ਅਪੀਲ

ਪੰਜਾਬ ਨੂੰ ਸਾਫ ਸੁਥਰਾਂ ਅਤੇ ਹਰਿਆ ਭਰਿਆ ਰੱਖਣ ਲਈ ਬੂਟੇ ਲਗਾਉਣੇ ਜਰੂਰੀ: ਐਸ.ਐਸ.ਪੀ ਸ਼੍ਰੀ ਮੁਕਤਸਰ ਸਾਹਿਬ







ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ ਪੰਜਾਬ ਵੱਲੋਂ ਸੂਬੇ ਨੂੰ ਹਰਿਆ ਭਰਿਆ ਰੱਖਣ ਲਈ ਚਲਾਈ ਗਈ ਮੁਹਿਮ ਤਹਿਤ ਆਲੇ ਦੁਆਲੇ ਦੀ ਖੂਬਸੂਰਤੀ ਅਤੇ ਪ੍ਰਦੂਸ਼ਨ ਮੁਕਤ ਤੇ ਛਾਂਦਾਰ ਮਾਹੌਲ ਪ੍ਰਦਾਨ ਕਰਨ ਦੇ ਮਕਸਦ ਨਾਲ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਆਪਣੇ ਦਫਤਰ ਵਿਖੇ ਆਪਣੇ ਹੱਥੀ ਬੂਟੇ ਲਗਾ ਕੇ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਦੀ ਅਪੀਲ ਕੀਤੀ ਗਈ। ਇਸ ਮੌਕੇ ਸ੍ਰੀ ਕਵਲਪ੍ਰੀਤ ਸਿੰਘ ਚਾਹਲ ਐਸ.ਪੀ (ਐੱਚ) ਸ੍ਰੀ ਮੁਕਤਸਰ ਸਾਹਿਬ ਅਤੇ ਦਫਤਰ ਸਟਾਫ ਹਾਜ਼ਰ ਸੀ।